# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਤਰਨ ਤਾਰਨ

ਪੱਤਰ ਨੰ:ਸਸਅ/19/ਆਰ.ਟੀ.ਈ.- 1554-55 ਮਿਤੀ: 15/10/19

ਕੈਂਬਰਿਜ਼ ਇੰਟਰਨੈਸ਼ਨਲ ਸਕੂਲ ਪੱਟੀ, ਬਲਾਕ ਪੱਟੀ , ਤਰਨ ਤਾਰਨ ਨੂੰ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਅਤੇ ਪੰਜਾਬ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਅਧੀਨ, ਨਿਰੀਖਕ ਅਧਿਕਾਰੀਆ ਪਾਸੋ ਪ੍ਰਾਪਤ ਰਿਪੋਰਟ ਦੇ ਆਧਾਰ ਤੇ ਮਾਨਯੋਗ ਡੀ.ਜੀ.ਐਸ.ਈ ਪੰਜਾਬ ਜੀ ਵਲੋ ਜਾਰੀ ਪੱਤਰ ਨੰ: ਡੀ.ਜੀ.ਐਸ.ਈ/ਆਰ.ਟੀ.ਈ/2016/1276-78 ਮਿਤੀ 25-01-2016 ਦੀਆਂ ਹਦਾਇਤਾਂ ਅਨੁਸਾਰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਤੱਕ ਹੇਠ ਲਿਖੀਆ ਸ਼ਰਤਾਂ ਤਹਿਤ ਮਾਨਤਾ ਦਿੱਤੀ ਜਾਂਦੀ ਹੈ:-

1. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਨਾ ਹੀ ਬੱਚੇ ਜਾਂ ਉਸ ਦੇ ਮਾਤਾ ਪਿਤਾ ਜਾਂ ਸਰਪ੍ਰਸਤ ਦੀ ਛਾਂਟੀ ਦਾ ਕੋਈ ਤਰੀਕਾ ਅਪਣਾਏਗਾ।
2. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਜਾਂ ਜੇਕਰ ਬੱਚੇ ਵਲੋਂ ਦਾਖਲਾ ਲੈਣ ਲਈ ਬਾਅਦ ਵਿੱਚ ਵਧਾਏ ਗਏ ਸਮੇਂ ਦੌਰਾਨ ਪਹੁੰਚ ਕੀਤੀ ਜਾਂਦੀ ਹੈ ਜਾਂ ਧਰਮ/ਜਾਤੀਵਾਦ/ਜਨਮ ਸਥਾਨ ਜਾਂ ਹੋਰ ਕੋਈ ਕਾਰਨ ਕਰਕੇ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਵਲੋਂ ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।
4. ਸਕੂਲ ਵਲੋਂ ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।
5. ਸਕੂਲ ਵਲੋਂ ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।
6. ਸਕੂਲ ਸਮੇਂ ਸਮੇਂ ਤੇ ਬਿਲਡਿੰਗ ਸੇਫਟੀ,ਫਾਇਰ ਸੇਫਟੀ ਅਤੇ ਪਾਣੀ ਦੀ ਸਵੱਛਤਾ ਸਬੰਧੀ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਦਸਤਾਵੇਜ਼ਾਂ ਦੀ ਮਿਆਦ ਖਤਮ ਹੋਣ ਉਪਰੰਤ ਨਵੀਨੀਕਰਨ ਕਰਵਾਏਗਾ ਅਤੇ ਇਸ ਦੀ ਕਾਪੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਤਰਨ ਤਾਰਨ ਵਿਖੇ ਜਮਾਂ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਕੂਲ ਵਿਰੁੱਧ ਮਾਨਤਾ ਰੱਦ ਕਰਨ ਸੰਬੰਧੀ ਆਰ.ਟੀ.ਈ ਐਕਟ ਅਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।
7. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ ਅਤੇ ਇਮਾਰਤ ਅੰਦਰ ਜਾਂ ਇਸਦੇ ਬਾਹਰ ਕੋਈ ਵੀਂ ਗੈਰ ਮਾਨਤਾ ਜਮਾਤ ਨਹੀਂ ਚਲਾਈ ਜਾਵੇਗੀ।
8. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਨੁਸਾਰ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।
9. ਸਕੂਲ ਸਿੱਖਿਆ ਵਿਭਾਗ ਵਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰੇਗਾ। ਬਾਕੀ ਸ਼ਰਤਾਂ ਪਹਿਲਾਂ ਜਾਰੀ ਕੀਤੇ ਗਏ ਆਰਜੀ ਸਰਟੀਫਿਕੇਟ ਅਨੁਸਾਰ ਹੀ ਹੋਣਗੀਆਂ। ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ **ਆਰ.ਟੀ.ਈ.ਤਰਨ ਤਾਰਨ-19080413** ਹੋਵੇਗਾ।
10. ਸਕੂਲ/ਸੰਸਥਾ ਆਰ.ਟੀ.ਈ ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਜਾਂ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਸਹੀ/
ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਤਰਨ ਤਾਰਨ।

ਪਿੱਠ ਅੰਕਣ ਨੰ: ਸਮ/ ਮਿਤੀ: 15/10/19

ਉਤਾਰਾ:-

1. ਮੈਨੇਜਰ / ਚੇਅਰਮੈਨ / ਪ੍ਰਧਾਨ, ਕੈਂਬਰਿਜ਼ ਇੰਟਰਨੈਸ਼ਨਲ ਸਕੂਲ ਪੱਟੀ,ਤਰਨ ਤਾਰਨ ।
2. ਬਲਾਕ ਐਲੀਮੈਂਟਰੀ ਸਿੱਖਿਆ ਅਫਸਰ,ਪੱਟੀ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਤਰਨ ਤਾਰਨ।

**OFFICE OF DISTRICT EDUCATION OFFICER (ELEMENTARY EDUCATION) TARN TARAN**

Letter No. SSA/19/RTE/155-45 Dated 15.10.2019

The Cambridge International School, Patti, Block Patti, District Tarn Taran under section 18 of Right of Children to free and compulsory education Act 2009 and Punjab Children's free and the right to compulsory education rules, 2011. On the basis of the report received from the subordinate officers, letter issued by Honorable DGSE Punjab No. DGSE RTE/2016/1276-78 dated 25.01.2016 according to the instruction, the class from pre-primary to middle is recognized under the following conditions.

1. The institution/school will not charge any capitation fee nor will the child or his parents or guardian adopt any method of retrenchment.

2. School shall not refuse admission to a child for lack of proof of birth or if child approaches for admission after an extended period of time or for religion/casteism/birth place or any other reason and the act shall follow the provisions of section 15 .

3. No child admitted by the Board shall be kept back in the class or expelled from the school until his elementary education is completed.

4. The school will not give physical punishment or mental distress to any child.

5. Every child who has received primary education from the school, will be given certificate as per rule 21.

6. The school will from time to time get the building safety, fire safety and water sanitation certificates and other required documents after expiry of the period and submit the copy at the office of the District Education Officer (AC), Tarn Taran. In case of failure to do so, action will be taken against the school as per RTE Act and rules regarding cancellation of recognition.

7. The school building or other structure or grounds shall be used only for teaching or skill development and no unrecognized class shall be conducted inside or outside the building.

8. It is necessary for the teachers that they fulfill the educational qualification as per section 23(1).

9. The School will follow the instructions issued by the Education Department from time to time. The rest of the conditions will be as per the provisional certificate issued earlier. The recognized code number of the school will be RTE TARN TARAN -19080413

10. The school institution will be bound to implement all the terms and conditions of the RTE Act, 2009. If the school/ institution is found violating regarding any section /rule of the RTE Act 2009 of the instructions issued by the department , the recognition of the school will be cancelled.

Sd/- District Education Officer(Elementary Education)
Tarn Taran.

Endorsement No. SM/ Dated 15/10/19

Copy:-

1. Manager/Chairman/President,Cambridge International Schol, Patti, Tarn Taran.
2. Block Elementary Education Officer, Patti.

Sd/- District Education Officer (Elementary Education)
Tarn Taran.

NOTARY ★ Anjana Kumari Sub. Division, Patti Distt. Tarn Taran Reg. No. 6719 ★ GOVT. OF INDIA

Attested to be true copy of documents
Produced Translated from Punjabi
To. English

20 SEP 2022

Notary Public for Sub Division Patti
Distt. Tarn Taran Pb.